**ਰਾਜ ਪੱਧਰ ਦੀ ਨੈਸਨਲ ਮੀਨਜ - ਕਮ - ਮੈਰਿਟ ਸਕਾਲਰਸਿਪ ਚੋਣ ਪ੍ਰੀਖਿਆ-2017, ਪੰਜਾਬ**

**(ਕੇਵਲ ਅੱਠਵੀਂ ਸ੍ਰੇਣੀ ਲਈ)**

**ਐਸ.ਸੀ.ਈ.ਆਰ.ਟੀ. ਪੰਜਾਬ ( ਫੋਨ ਨੰ: 0172-2210077 ,2210144)**

**ਸਿੱਖਿਆ ਭਵਨ (ਪੰਜਾਬ ਸਕੂਲ ਸਿੱਖਿਆ ਬੋਰਡ) ਛੇਵੀਂ ਮੰਜ਼ਿਲ, ਬਲਾਕ-ਈ ਫੇਜ਼-8, ਅਜੀਤਗੜ੍ਹ,**

ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸਦ (ਐਸ.ਸੀ.ਈ.ਆਰ.ਟੀ.), ਪੰਜਾਬ ਵੱਲੋਂ ਰਾਜ ਪੱਧਰ ਦੀ ਨੈਸਨਲ ਮੀਨਜ - ਕਮ - ਮੈਰਿਟ ਸਕਾਲਰਸਿਪ ਚੋਣ ਪ੍ਰੀਖਿਆ (NMMS) ਸਾਲ 2017 ਲਈ 2210 ਵਿਦਿਆਰਥੀਆਂ ਨੂੰ ਚੁਣਨ ਲਈ ਮਿਤੀ 05-11-2017 (ਐਤਵਾਰ) ਨੂੰ ਲਈ ਜਾਣੀ ਹੈ। ਪੰਜਾਬ ਰਾਜ ਵਿੱਚ ਸਥਿਤ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਲੋਕਲ ਬਾਡੀਜ ਸਕੂਲਾਂ ਦੇ 8ਵੀਂ ਸ੍ਰੇਣੀ ਵਿੱਚ ਪੜ੍ਹਦੇ ਉਹ ਵਿਦਿਆਰਥੀ ਇਸ ਪ੍ਰੀਖਿਆ ਵਿੱਚ ਬੈਠ ਸਕਦੇ ਹਨ, ਜਿਨ੍ਹਾਂ ਨੇ 7ਵੀਂ ਸ੍ਰੇਣੀ ਦੇ ਸਾਲਾਨਾ ਪ੍ਰੀਖਿਆ ਵਿੱਚ 55% ਨੰਬਰ ( ਜਨਰਲ ਕੈਟਾਗਿਰੀ ਲਈ) ਅਤੇ 50% ਨੰਬਰ (ਰਾਖਵੀਆਂ ਸ੍ਰੇਣੀਆਂ ਲਈ) ਪ੍ਰਾਪਤ ਕੀਤੇ ਹਨ। ਵਜੀਫਾ ਐਮ.ਐਚ.ਆਰ.ਡੀ. ਨਵੀਂ ਦਿੱਲੀ ਵੱਲੋਂ 6000/-ਰੁਪਏ ਪ੍ਰਤੀ ਸਾਲ ਦੀ ਦਰ ਨਾਲ 9ਵੀਂ ਸ੍ਰੇਣੀ ਤੋਂ ਸ਼ੁਰੂ ਹੋ ਕੇ 12ਵੀਂ ਸ੍ਰੇਣੀ ਤੱਕ ਮਿਲੇਗਾ। ਕੇਵਲ ਉਹੀ ਵਿਦਿਆਰਥੀ ਜਿਨ੍ਹਾਂ ਦੇ ਮਾਪਿਆਂ ਦੀ ਸਾਲਾਨਾ ਆਮਦਨ ਸਾਰੇ ਵਸੀਲਿਆਂ ਤੋਂ ਕੇਵਲ 1,50,000/- ਰੁਪਏ ਜਾਂ ਇਸ ਤੋਂ ਘੱਟ (ਇਸ ਸਬੰਧੀ ਸਵੈ ਘੋਸ਼ਣਾ ਪੱਤਰ ਸਕੂਲ ਪ੍ਰਿੰਸੀਪਲ ਨੂੰ ਦਿੱਤਾ ਜਾਵੇ) ਹੋਵੇ, ਇਸ ਪ੍ਰੀਖਿਆ ਵਿੱਚ ਬੈਠ ਸਕਦੇ ਹਨ।

<u>ਪ੍ਰੀਖਿਆ, ਸਿਲੇਬਸ ਅਤੇ ਮਾਧਿਅਮ:-</u> ਲਗਾਤਾਰ ਤਿੰਨ ਘੰਟਿਆਂ ਦੀ ਪ੍ਰੀਖਿਆ ਦੇ ਦੋ ਭਾਗ ਹੋਣਗੇ

(1) ਮਾਨਸਿਕ ਯੋਗਤਾ ਦਾ ਟੈਸਟ- 50 ਪ੍ਰਸਨ ਇੱਕ ਨੰਬਰ ਵਾਲੇ ( ਮਲਟੀਪਲ ਚੁਆਇਸ )

(2) ਵਿਸਿਆਂ ਦੀ ਯੋਗਤਾ ਦਾ ਟੈਸਟ -130 ਪ੍ਰਸਨ ਇੱਕ ਨੰਬਰ ਵਾਲੇ ( ਮਲਟੀਪਲ ਚੁਆਇਸ ) ਹੋਣਗੇ।

ਵਿਸਿਆਂ ਦੀ ਯੋਗਤਾ ਦੇ ਟੈਸਟ ਵਿੱਚ 7ਵੀਂ ਅਤੇ 8ਵੀਂ ਸ੍ਰੇਣੀ ਦੇ ਪੱਧਰ ਦੇ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ, ਗਣਿਤ, ਇਤਿਹਾਸ, ਭੂਗੋਲ, ਨਾਗਰਿਕ ਸਾਸਤਰ, ਅੰਗਰੇਜੀ,ਪੰਜਾਬੀ ਅਤੇ ਹਿੰਦੀ ਵਿਸੇ ਹੋਣਗੇ। ਪ੍ਰੀਖਿਆ ਦਾ ਮਾਧਿਅਮ ਅੰਗਰੇਜੀ/ਪੰਜਾਬੀ ਹੋਵੇਗਾ।

<u>ਦਾਖਲਾ ਫਾਰਮ:-</u> ਵਿਦਿਆਰਥੀਆਂ ਦੇ ਦਾਖਲਾ ਫਾਰਮ ਸਕੂਲਾਂ ਵੱਲੋਂ ਸਿੱਖਿਆ ਵਿਭਾਗ ਦੇ ਪੋਰਟਲ <u>www.epunjabschool.gov.in</u> ਉਤੇ ਸਕੂਲ login ਅਧੀਨ 01-09-17 ਤੋਂ 15-09-17 ਭਰੇ ਜਾਣਗੇ। ਮਿਤੀ 20-09-17 ਤੋਂ ਸਕੂਲ, ਵਿਦਿਆਰਥੀਆਂ ਦੇ admit card download ਕਰ ਸਕਦਾ ਹੈ।

<u>ਰਾਖਵਾਂਕਰਨ:-</u> ਕੁੱਲ ਸੀਟਾਂ ਦਾ 25% ਅਨੁਸੂਚਿਤ ਜਾਤੀ, 10% ਪਛੜੀਆਂ ਸ੍ਰੇਣੀਆਂ ਅਤੇ ਲਈ ਰਾਖਵੀਆਂ ਰੱਖੀਆਂ ਗਈਆਂ ਹਨ। ਐਸ.ਸੀ./ਬੀ.ਸੀ. ਅਤੇ **4% for Physically Challenged** Group of Students, with benchmark disabilities of which, one per cent each shall be reserved for persons with benchmark disabilities under clauses (a), (b) and (c) and one per cent for persons with benchmark disabilities under clauses (d) and (e) namely:

(a) blindness and low vision;

(b) deaf and hard of hearing;

(c) locomotor disability including cerebral palsy, leprosy cured, dwarfism, acid attack victims and muscular dystrophy;

(d) autism, intellectual disability, specific learning disability and mental illness;

(e) multiple disabilities from amongst persons under clauses (a) to (d) including deaf- blindness in the posts identified for each disabilities. ਸਰੀਰਕ ਵਿਕਲਾਂਗ ਵਿਦਿਆਰਥੀ ਸਬੰਧਤ ਅਧਿਕਾਰੀਆਂ ਤੋਂ ਜਾਰੀ ਹੋਏ ਸਰਟੀਫਿਕੇਟ ਦੀ ਤਸਦੀਕਸੁਦਾ ਕਾਪੀ admit card ਨਾਲ ਨੱਥੀ ਕਰਨ। ਵਿਕਲਾਂਗ ਵਿਦਿਆਰਥੀਆਂ ਦੇ ਸਰਟਫਿਕੇਟ ਤੇ ਸਬੰਧਤ ਸਰਟੀਫਿਕੇਟ ਜਾਰੀ ਕਰਤਾ ਵੱਲੋਂ ਇਹ ਤਸਦੀਕ ਕੀਤਾ ਹੋਵੇ ਕਿ ਵਿਦਿਆਰਥੀ ਦੀ ਵਿਕਲਾਂਗਤਾ 40% ਜਾਂ ਇਸ ਤੋਂ ਵੱਧ ( PWD Disability Act 2016 ਤਹਿਤ ) ਹੈ। <u>ਇਸ ਪ੍ਰੀਖਿਆ ਦੀ ਕੋਈ ਦਾਖਲਾ ਫੀਸ ਨਹੀਂ ਹੈ।</u>

ਡਾਇਰੈਕਟਰ

ਐਸ.ਸੀ.ਈ.ਆਰ.ਟੀ. ਪੰਜਾਬ ।